**ਪ੍ਰੈਸ ਨੋਟ-1**

**1/20271/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਨਗਰ ਕੌਂਸਲ ਦੀਆਂ ਟੀਮਾਂ ਵੱਲੋਂ ਸ਼ਹਿਰ ਦੀਆਂ ਵੱਖ-ਵੱਖ ਕਲੋਨੀਆਂ ਵਿਖੇ ਸੋਡੀਅਮ ਹਾਈਪੋਕਲੋਰਾਈਟ

ਅਤੇ ਫੌਗਿੰਗ ਦਾ ਕੀਤਾ ਗਿਆ ਛਿੜਕਾਅ -ਕਾਰਜ ਸਾਧਕ ਅਫ਼ਸਰ

ਸਫਾਈ ਸੇਵਕਾਂ ਵੱਲੋਂ ਘਰ-ਘਰ ਤੋਂ ਕੂੜਾ ਇਕੱਤਰ ਕਰਨ ਦੀ ਮੁਹਿੰਮ ਜਾਰੀ

ਫ਼ਾਜ਼ਿਲਕਾ, 25 ਅਪ੍ਰੈਲ

ਜ਼ਿਲ੍ਹੇ ਦੇ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਸੁਰੱਖਿਅਤ ਰੱਖਣ ਲਈ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ’ਤੇ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਪ੍ਰਸ਼ਾਸਨ ਵਲੋਂ ਜਿਥੇ ਲੋਕਾਂ ਨੂੰ ਕੋਰੋਨਾ ਤੋਂ ਬਚਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਉਥੇ ਸ਼ਹਿਰ ਦੀ ਸਾਫ਼-ਸਫ਼ਾਈ ਕਰਨ ਦੇ ਨਾਲ ਵਿਸ਼ੇਸ਼ ਸਪਰੇਅ ਕਰਕੇ ਸ਼ਹਿਰ ਨੂੰ ਸੈਨੇਟਾਈਜ਼ ਵੀ ਕੀਤਾ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਾਰਜ ਸਾਧਕ ਅਫਸਰ ਰਜਨੀਸ਼ ਕੁਮਾਰ ਨੇ ਕੀਤਾ।

ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੇ ਸਫਾਈ ਕਾਮਿਆਂ ਵੱਲੋਂ ਸਫ਼ਾਈ ਮੁੰਿਹਮ ਦੌਰਾਨ ਘਰ-ਘਰ ਤੋਂ ਕੂੜਾ ਚੁੱਕਣ ਲਈ ਤਨਦੇਹੀ ਨਾਲ ਡਿਊਟੀ ਨਿਭਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਨਗਰ ਕੌਂਸਲ ਦੀਆਂ ਸਫਾਈ ਟੀਮਾਂ ਸ਼ਹਿਰ ਦੀਆਂ ਕਲੋਨੀਆਂ, ਵਾਰਡਾਂ ਅਤੇ ਮੁੱਖ ਬਜਾਰਾਂ ਵਿੱਚ ਸੋਡੀਅਮ ਹਾਈਪੋਕਲੋਰਾਈਟ ਛਿੜਕਾਅ ਕਰਨ ਵਿੱਚ ਜੁਟੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਵੀ ਆਪਣੇ ਆਪ ਨੂੰ ਸਾਫ਼-ਸੁਥਰਾ ਰੱਖਣਾ ਚਾਹੀਦਾ ਹੈ ਅਤੇ ਚੰਗੀ ਤਰ੍ਹਾਂ ਹੱਥਾਂ ਦੀ ਸਫਾਈ ’ਤੇ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਨਗਰ ਕੌਂਸਲ ਫ਼ਾਜ਼ਿਲਕਾ ਦੀਆਂ ਟੀਮਾ ਵੱਲੋਂ ਧਾਨਕਾ ਮੁਹੱਲਾ, ਬਾਲਾ ਜੀ ਧਾਮ, ਐਸ.ਐਸ.ਪੀ. ਦਫ਼ਤਰ, ਪੁਲਿਸ ਲਾਈਨ, ਸਵਾਮੀ ਵਿਵੇਕਾਨੰਦ ਪਾਰਕ ਨੇੜੇ ਟਰੱਕ ਯੂਨੀਅਨ ਵਿਖੇ, ਰਾਧਾ ਸੁਆਮੀ ਕਾਲੋਨੀ, ਸੋਡੀਅਮ ਹਾਈਪੋਕਲੋਰਾਈਟ ਰੋਗਾਣੂ ਮੁਕਤ ਦਵਾਈ ਦਾ ਛਿੜਕਾਅ ਕੀਤਾ ਗਿਆ। ਕੈਲਾਸ਼ ਨਗਰ, ਕਾਲਕਾ ਮੰਦਰ, ਨਹਿਰੂ ਨਗਰ, ਫਿਰਨੀ ਰੋਡ ਅਤੇ ਐਚ.ਪੀ. ਗੈਸ ਏਜੰਸੀ ਦੇ ਆਲੇ-ਦੁਆਲੇ ਗੱਲੀਆਂ ਵਿਖੇ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਕਰਨ ਹਿੱਤ ਫੌਗਿੰਗ ਕਰਵਾਈ ਗਈ।

ਇਸ ਤੋਂ ਇਲਾਵਾ ਸਫਾਈ ਸੇਵਕਾਂ ਵੱਲੋਂ ਬਾਰਡਰ ਰੋਡ, ਮਲੋਟ ਰੋਡ, ਥਾਣਾ ਸਦਰ ਚੌਂਕ, ਪੰਜਾਬ ਨੈਸ਼ਨਲ ਬੈਂਕ ਵਾਲੀ ਗਲੀ ਅਤੇ ਬਸਤੀ ਹਜ਼ੂਰ ਸਿੰਘ ਵਿਖੇ ਪਹੰੁਚ ਕਰਕੇ ਘਰ-ਘਰ ਤੋਂ ਕੂੜਾ ਇਕੱਤਰ ਕੀਤਾ ਜਾ ਰਿਹਾ ਹੈ। ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਸਰਕਾਰ ਵੱਲੋਂ ਸਮੇਂ-ਸਮੇਂ ’ਤੇ ਜਾਰੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਅਤੇ ਘਰਾਂ ਅੰਦਰ ਰਿਹਾ ਜਾਵੇ ਤਾਂ ਜੋ ਕੋਰੋਨਾ ਵਾਇਰਸ ਦੇ ਪ੍ਰਕੋਪ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

**ਪ੍ਰੈਸ ਨੋਟ-2**

**1/20276/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕਰੋਨਾ ਵਾਇਰਸ ਦੇ ਚੱਲਦਿਆਂ ਕਿਸਾਨ ਝੋਨੇ ਅਤੇ ਬਾਸਮਤੀ ਦੀ ਕਰਨ ਸਿੱਧੀ ਬਿਜਾਈ- ਮੁੱਖ ਖੇਤੀਬਾੜੀ ਅਫਸਰ

ਕਿਸਾਨਾਂ ਨੂੰ ਝੋਨੇ ਦੀ ਪੀ.ਏ.ਯੂ ਦੁਆਰਾ ਸਿਫਾਰਸ਼ ਕੀਤੀਆਂ ਕਿਸਮਾਂ ਦੀ ਬਿਜਾਈ ਕਰਨ ਦੀ ਅਪੀਲ

ਫ਼ਾਜ਼ਿਲਕਾ, 25 ਅਪ੍ਰੈਲ

ਸ੍ਰੀ ਕਾਹਨ ਸਿੰਘ ਪੰਨੂ ਸਕੱਤਰ ਖੇਤੀਬਾੜੀ ਪੰਜਾਬ ਅਤੇ ਡਿਪਟੀ ਕਮਿਸਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸਾਂ ਅਨੁਸਾਰ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਹੈ ਕਿ ਜ਼ਿਲ੍ਹੇ ਵਿੱਚ ਘੱਟ ਸਮਾਂ ਅਤੇ ਘੱਟ ਪਰਾਲੀ ਵਾਲੇ ਝੋਨੇ ਦੀਆਂ ਪੀ.ਏ.ਯੂ ਦੁਆਰਾ ਸਿਫਾਰਸ਼ ਕੀਤੀਆਂ ਕਿਸਮਾਂ ਦੀ ਹੀ ਬਿਜਾਈ ਕੀਤੀ ਜਾਵੇ।

ਮੁੱਖ ਖੇਤੀਬਾੜੀ ਅਫਸਰ ਫ਼ਾਜ਼ਿਲਕਾ ਮਨਜੀਤ ਸਿੰਘ ਨੇ ਕਿਸਾਨਾਂ ਨੂੰ ਦੱਸਿਆ ਕਿ ਲੰਮਾ ਸਮਾਂ ਅਤੇ ਵੱਧ ਪਰਾਲੀ ਵਾਲੀਆਂ ਝੋਨੇ ਦੀਆਂ ਗੈਰ ਪ੍ਰਮਾਣਿਤ ਕਿਸਮਾਂ ਜਿਵੇ ਕਿ ਪੂਸਾ-44, ਪੀਲੀ ਪੂਸਾ, ਡੋਗਰ ਪੂਸਾ, ਮੁੱਛਲ-1401 ਆਦਿ ਦੀ ਬਿਜਾਈ ਨਾਂ ਕੀਤੀ ਜਾਵੇ, ਕਿਉਕਿ ਇਹ ਕਿਸਮਾਂ ਪਾਣੀ ਦੀ ਵੱਧ ਖਪਤ ਦੇ ਨਾਲ-ਨਾਲ ਬਿਮਾਰੀਆਂ ਅਤੇ ਕੀੜੇ ਮਕੌੜਿਆਂ ਦੀ ਵੀ ਲਪੇਟ 'ਚ ਜਿਆਦਾ ਆਉਂਦੀਆਂ ਹਨ ਅਤੇ ਝੋਨੇ ਦੀਆਂ ਫਸਲਾਂ ਵੀ ਵੱਧ ਸਪਰੇਆਂ ਕਰਨੀਆਂ ਪੈਦੀਆਂ ਹਨ।

ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਕੋਵਿਡ-19 ਦੇ ਚਲਦਿਆ ਮਜ਼ੂਦਰਾਂ ਦੀ ਘਾਟ ਨੂੰ ਧਿਆਨ ਵਿੱਚ ਰੱਖਦਿਆਂ ਕਿਸਾਨਾਂ ਨੂੰ ਝੋਨਾਂ ਅਤੇ ਬਾਸਮਤੀ ਦੀ ਸਿੱਧੀ ਬਿਜਾਈ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਉਨਾਂ ਕਿਹਾ ਕਿ ਸਿੱਧੀ ਬਿਜਾਈ ਕਰਨ ਲਈ ਸੋਧੇ ਹੋਏ ਝੋਨੇ ਦਾ ਬੀਜ 8 ਕਿਲੋ ਅਤੇ ਬਾਸਮਤੀ ਦਾ 10 ਕਿਲੋ ਪ੍ਰਤੀ ਏਕੜ ਦੇ ਹਿਸਾਬ ਨਾਲ ਪਾਇਆ ਜਾਵੇ। ਬਿਜਾਈ ਕਰਨ ਤੋ ਤੁਰੰਤ ਬਾਅਦ 24 ਘੰਟੇ ਦੇ ਅੰਦਰ-2 ਪੈਡੀ ਮੈਥਲੀਨ (ਸੰਟੌਪ) ਦੀ ਸਪਰੇਅ 200 ਲੀਟਰ ਪਾਣੀ ਪ੍ਰਤੀ ਏਕੜ ਦੇ ਹਿਸਾਬ ਨਾਲ ਕੀਤੀ ਜਾਵੇ ਤਾਂ ਜੋ ਨਦੀਨਾਂ ਨੂੰ ਉਗਰਨ ਤੋਂ ਰੋਕਿਆਂ ਜਾ ਸਕੇ।

ਉਹਨਾਂ ਅੱਗੇ ਦੱਸਿਆਂ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਬੀ.ਟੀ ਨਰਮੇਂ ਦੀਆਂ 27 ਕੰਪਨੀਆਂ ਦਾ ਬੀਜ ਪੂਰੀ ਮਾਤਰਾ ਵਿੱਚ ਹਰ ਬੀਜ ਵਿਕਰੇਤਾਂਵਾਂ ਕੋਲ ਉਪਲਬਧ ਹੈ। ਕਿਸਾਨਾਂ ਨੂੰ ਨਰਮੇਂ ਦੇ ਬੀਜ ਅਤੇ ਨਹਿਰੀ ਪਾਣੀ ਦੀ ਕੋਈ ਕੋਈ ਮੁਸ਼ਕਿਲ ਪੇਸ਼ ਨਹੀ ਆਉਣ ਦਿੱਤੀ ਜਾਵੇਗੀ। ਉਹਨਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਝੋਨੇ ਅਤੇ ਬਾਸਮਤੀ ਦੀ ਫਸਲ ਹੇਠ ਰਕਬਾ ਘਟਾ ਕੇ ਨਰਮੇ ਅਤੇ ਮੱਕੀ ਦੀ ਪੈਦਾਵਾਰ ਕੀਤੀ ਜਾਵੇ।

**ਪ੍ਰੈਸ ਨੋਟ-3**

**1/20324/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਹਰੇਕ ਲੋੜਵੰਦ ਪਰਿਵਾਰ ਤੱਕ ਰਾਸ਼ਨ ਸਮੱਗਰੀ ਨੂੰ ਜ਼ਰੂਰ ਪਹੁੰਚਾਉਣਾ ਚਾਹੀਦਾ ਹੈ-ਰਮਿੰਦਰ ਆਵਲਾ

ਸ਼ਹਿਰ ਦੇ ਤਿੰਨ ਵਾਰਡਾਂ 'ਚ ਵਿਧਾਇਕ ਰਮਿੰਦਰ ਆਵਲਾ ਨੇ ਪਹੁੰਚਾਇਆ ਰਾਸ਼ਨ

ਕਿਸਾਨਾਂ ਤੇ ਦਾਨੀ ਸੱਜਣਾਂ ਨੂੰ ਗਊਸ਼ਾਲਾ ਲਈ ਵੱਧ ਤੋਂ ਵੱਧ ਤੂੜੀ ਦਾਨ ਕਰਨ ਦੀ ਅਪੀਲ

ਜਲਾਲਾਬਾਦ/ ਫ਼ਾਜ਼ਿਲਕਾ, 25 ਅਪ੍ਰੈਲ

ਕੋਰੋਨਾ ਵਾਇਰਸ ਦੇ ਕਾਰਣ ਜਲਾਲਾਬਾਦ ਹਲਕੇ ਅੰਦਰ ਵਿਧਾਇਕ ਰਮਿੰਦਰ ਆਵਲਾ ਵਲੋਂ ਸਿਲਸਿਲੇ ਵਾਰ ਲੋੜੀਦੇ ਪਰਿਵਾਰਾਂ ਤੱਕ ਮੱਦਦ ਪਹੁੰਚਾਉਣ ਦਾ ਸਿਲਸਿਲਾ ਜਾਰੀ ਹੈ। ਸ਼ਨੀਵਾਰ ਨੂੰ ਵਿਧਾਇਕ ਰਮਿੰਦਰ ਆਵਲਾ ਵਲੋਂ  ਵਾਰਡ ਨੰਬਰ 1,5 ਅਤੇ 6 ਵਿੱਚ ਰਾਸ਼ਨ ਸਮੱਗਰੀ ਦੀਆਂ ਥੈਲੀਆਂ ਭੇਜੀਆਂ ਗਈਆਂ। ਇਥੇ ਦੱਸਣਯੋਗ ਹੈ ਕਿ ਸ਼ਹਿਰ ਦੇ ਕੁੱਲ 17 ਵਾਰਡਾਂ ਵਿੱਚੋਂ ਉਕਤ ਵਾਰਡਾਂ 'ਚ ਰਾਸ਼ਨ ਸਮੱਗਰੀ ਪਹੁੰਚਾਉਣ ਦਾ ਕੰਮ ਬਕਾਇਆ ਸੀ ਅਤੇ ਸ਼ਨੀਵਾਰ ਨੂੰ ਵਿਧਾਇਕ ਰਮਿੰਦਰ ਆਵਲਾ ਵਲੋਂ ਇਨ੍ਹਾਂ ਵਾਰਡਾਂ 'ਚ ਵੀ ਰਾਸ਼ਨ ਪਹੁੰਚਾਇਆ ਗਿਆ।

ਇਸ ਮੌਕੇ ਵਿਧਾਇਕ ਰਮਿੰਦਰ ਆਵਲਾ ਨੇ ਕਿਹਾ ਕਿ ਰਾਸ਼ਨ ਸਮੱਗਰੀ ਦੀ ਵੰਡ ਨੂੰ ਲੈ ਕੇ ਕਿਸੇ ਤਰ੍ਹਾਂ ਦਾ ਭੇਦਭਾਵ ਨਹੀਂ ਹੋਣਾ ਚਾਹੀਦਾ ਬਲਕਿ ਹਰੇਕ ਘਰ ਪਹੁੰਚ ਕੇ ਲੋੜਵੰਦ ਪਰਿਵਾਰ ਤੱਕ ਰਾਸ਼ਨ ਸਮੱਗਰੀ ਨੂੰ ਜਰੂਰ ਪਹੁੰਚਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਰਾਸ਼ਨ ਵੰਡਣ ਸਮੇਂ ਕਿਸੇ ਵੀ ਲੋੜਵੰਦ ਵਿਅਕਤੀ ਦੀ ਪਛਾਣ ਨਾ ਦੱਸੀ ਜਾਵੇ ਅਤੇ ਚੁੱਪ-ਚਾਪ ਉਨ੍ਹਾਂ ਦੀ ਲੋੜੀਦੀ ਜਰੂਰਤ ਨੂੰ ਦੇਖਦੇ ਹੋਏ ਰਾਸ਼ਨ ਸਮੱਗਰੀ ਪਹੁੰਚਾਈ ਜਾਵੇ।

ਇਸ ਤੋ ਇਲਾਵਾ ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਗਊਸ਼ਾਲਾ 'ਚ ਤੂੜੀ ਦੀ ਆਈ ਕਿੱਲਤ ਨੂੰ ਦੂਰ ਕਰਨ ਲਈ ਪਿੰਡਾਂ ਦੀਆਂ ਪੰਚਾਇਤਾਂ, ਕਾਂਗਰਸੀ ਵਰਕਰ ਤੇ ਹੋਰ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਤੂੜੀ ਆਉਂਦੀ ਰਹੀ ਹੈ ਅਤੇ ਹੁਣ ਜਦਕਿ ਕਿਸਾਨਾਂ ਵਲੋਂ ਕਣਕ ਦੀ ਕਟਾਈ ਕੀਤੀ ਜਾ ਰਹੀ ਹੈ ਅਤੇ ਇਸ ਤੋਂ ਬਾਅਦ ਹਲਕੇ ਨਾਲ ਸਬੰਧਤ ਪੰਚਾਇਤਾਂ, ਕਿਸਾਨਾਂ ਤੇ ਦਾਨੀ ਸੱਜਣਾ ਨੂੰ ਅਪੀਲ ਹੈ ਕਿ ਉਹ ਗਊਸ਼ਾਲਾ ਲਈ ਤੂੜੀ ਜਰੂਰ ਦਾਨ ਕਰਨ ਤਾਂ ਜੋ ਗਊ ਮਾਤਾ ਦੀ ਸੇਵਾ ਨੂੰ ਸਹੀ ਰੂਪ ਵਿੱਚ ਕੀਤਾ ਜਾ ਸਕੇ।

ਇਸ ਮੌਕੇ ਪ੍ਰਮੋਦ ਚੌਧਰੀ, ਬਲਵਿੰਦਰ ਸਿੰਘ ਸਾਬਕਾ ਕੌਂਸਲਰ, ਮੰਗਲ ਸਿੰਘ ਸਾਬਕਾ ਕੌਂਸਲਰ, ਪੰਕਜ ਸੇਠੀ, ਬੰਧੂ ਕਾਲੜਾ ਵਲੋ ਰਾਸ਼ਨ ਵੰਡਣ ਦੀ ਪ੍ਰਕ੍ਰਿਆ ਨੂੰ ਅੱਗੇ ਵਧਾਇਆ ਗਿਆ। ਇਸ ਮੌਕੇ ਸਚਿਨ ਆਵਲਾ, ਜੋਨੀ ਆਵਲਾ, ਸੁਮਿਤ ਆਵਲਾ ਮੌਜੂਦ ਸਨ।

**ਪ੍ਰੈਸ ਨੋਟ-4**

**1/ 20335 /2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਵਿਧਾਇਕ ਰਮਿੰਦਰ ਸਿੰਘ ਆਵਲਾ ਨੇ ਵੱਖ-ਵੱਖ ਮੰਡੀਆਂ 'ਚ ਕਣਕ ਦੇ ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜਾ

ਕਿਸਾਨ, ਆੜਤੀਏ ਅਤੇ ਲੇਬਰ ਸਰਕਾਰ ਦੀਆਂ ਹਦਾਇਤਾ ਦੀ ਪਾਲਣਾ ਕਰਨੀ ਯਕੀਨੀ ਬਣਾਉਣ

ਜਲਾਲਾਬਾਦ/ ਫ਼ਾਜ਼ਿਲਕਾ, 25 ਅਪ੍ਰੈਲ

ਜਲਾਲਾਬਾਦ ਦੇ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਜਲਾਲਾਬਾਦ ਦੀ ਮੁੱਖ ਅਨਾਜ ਮੰਡੀ ਸਮੇਤ ਹੋਰ ਵੱਖ-ਵੱਖ ਮੰਡੀਆਂ

ਪ੍ਰਭਾਤ ਸਿੰਘ ਵਾਲਾ, ਘੁਬਾਇਆ, ਚੱਕ ਖੇੜੇ ਵਾਲਾ, ਵੈਰੋਕਾ, ਕੱਚਾ ਕਾਲੇਵਾਲਾ, ਹੋਜ਼ ਖਾਸ ਦਾ ਦੌਰਾ ਕਰਕੇ ਕਣਕ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨੇ ਕਿਸਾਨਾਂ ਤੇ ਆੜ੍ਹਤੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਖਰੀਦ ਪ੍ਰਬੰਧਾਂ ਦੀ ਜਾਣਕਾਰੀ ਹਾਸਲ ਕੀਤੀ। ਆੜ੍ਹਤੀਆਂ ਅਤੇ ਕਿਸਾਨਾਂ ਨੇ ਵਿਧਾਇਕ ਨੂੰ ਦੱਸਿਆ ਕਿ ਖਰੀਦ ਪ੍ਰਕ੍ਰਿਆ ਸੁਚਾਰੂ ਢੰਗ ਨਾਲ ਚੱਲ ਰਹੀ ਹੈ ਅਤੇ ਸਮੇਂ ਸਿਰ ਕਣਕ ਦੀ ਤੁਲਾਈ, ਲਿਫਟਿੰਗ ਅਤੇ ਅਦਾਇਗੀ ਵੀ ਸਿਲਸਿਲੇ ਵਾਰ ਹੋ ਰਹੀ ਹੈ।
ਵਿਧਾਇਕ ਆਵਲਾ ਨੇ ਕਿਹਾ ਕਿ ਕਣਕ ਦੇ ਖਰੀਦ ਪ੍ਰਬੰਧਾਂ ਨੂੰ ਲੈ ਕੇ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਨੇ ਕੋਰੋਨਾ ਵਾਇਰਸ ਮਹਾਂਮਾਰੀ ਦੇ ਚਲਦਿਆਂ ਮੰਡੀਆਂ ਦਾ ਵਿਸਥਾਰ ਕੀਤਾ ਅਤੇ ਅਸਥਾਈ ਤੌਰ 'ਤੇ ਵੱਖਰੇ ਤੋਂ ਕਣਕ ਦੇ ਭੰਡਾਰਣ ਲਈ ਪੁਆਇੰਟ ਬਣਾਏ ਤਾਂ ਜੋ ਸ਼ੋਸ਼ਲ ਡਿਸਟੈਂਸਿੰਗ ਦਾ ਧਿਆਨ ਰੱਖਿਆ ਜਾ ਸਕੇ ਅਤੇ ਖਰੀਦ ਪ੍ਰਬੰਧਾਂ ਨੂੰ ਸੁਚਾਰੂ ਬਣਾਇਆ ਜਾ ਸਕੇ।
ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀਆਂ ਫਸਲਾਂ ਦਾ ਇੱਕ-ਇੱਕ ਦਾਣਾ ਖਰੀਦ ਕੀਤਾ ਜਾਵੇਗਾ। ਆੜਤੀਆਂ ਅਤੇ ਕਿਸਾਨਾਂ ਨੂੰ ਘਬਰਾਉਣ ਦੀ ਲੋੜ ਨਹੀਂ ਕਿਉਕਿ ਕੋਰੋਨਾ ਮਹਾਂਮਾਰੀ ਦੇ ਕਾਰਣ ਸਾਨੂੰ ਸਾਰਿਆਂ ਨੂੰ ਸੰਯਮ ਬਣਾ ਕੇ ਰੱਖਣਾ ਪਵੇਗਾ। ਉਨ੍ਹਾਂ ਕਿਹਾ ਕਿ ਕਿਸਾਨ ਵੀਰ ਤੇ ਮਜਦੂਰ ਮੰਡੀਆਂ ਵਿੱਚ ਸਮਾਜਿਕ ਦੂਰੀ ਬਣਾ ਕੇ ਰੱਖਣ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦਾ ਪਾਲਣ ਜ਼ਰੂਰ ਕਰਨ।

ਇਸ ਮੋਕੇ ਸੀਨੀਅਰ ਕਾਂਗਰਸੀ ਆਗੂ ਕਾਕਾ ਕੰਬੋਜ, ਰਾਜ਼ ਬਖ਼ਸ਼ ਕੰਬੋਜ਼, ਰਘੁਬੀਰ ਜੈਮਲ ਵਾਲਾ, ਜੋਨੀ ਆਵਲਾ, ਸਚਿਨ ਆਵਲਾ, ਸੁਮਿਤ ਆਵਲਾ, ਅਨੂਪ ਸ਼ਰਮਾ ਤੇ ਅਮ੍ਰਿਤਪਾਲ, ਧਮਰਵੀਰ ਸੇਤੀਆ, ਪ੍ਰਿੰਸ ਬਵੇਜਾ, ਬੰਟੀ ਬਵੇਜਾ, ਮਿੱਠੂ ਸੇਤੀਆ, ਸ਼ੰਟੀ ਕਪੂਰ, ਬਲਤੇਜ ਬਰਾੜ, ਪੂਰਨ ਚੰਦ ਮੂਜੈਦੀਆ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀ ਹਾਜ਼ਿਰ ਸਨ।

**ਪ੍ਰੈਸ ਨੋਟ ਨੰਬਰ-5**
**1/20350/2020**
ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ
ਮਲੇਰੀਆ ਤੇ ਕਾਬੂ ਰੱਖਣ ਲਈ ਆਲੇ ਦੁਆਲੇ ਦੀ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ- ਸਿਵਲ ਸਰਜਨ
ਫ਼ਾਜ਼ਿਲਕਾ, 25 ਅਪ੍ਰੈਲ
ਮਲੇਰੀਆ ਦੇ ਖਾਤਮੇ ਦੇ ਟੀਚੇ ਨੂੰ ਮੁੱਖ ਰੱਖਦੇ ਹੋਏ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਸ ਬਲਬੀਰ ਸਿੰਘ ਸਿੱਧੂ ਦੀਆਂ ਹਦਾਇਤਾ ਅਨੁਸਾਰ ਸਿਵਲ ਸਰਜਨ ਡਾ ਸੁਰਿੰਦਰ ਸਿੰਘ ਨੇ ਦਫਤਰ ਸਿਵਲ ਸਰਜਨ ਵਿਖੇ ਵਿਸ਼ਵ ਮਲੇਰੀਆ ਦਿਵਸ ਦੇ ਮੌਕੇ 'ਤੇ ਜਾਣਕਾਰੀ ਦਿੰਦੇ ਹੋਏ ਕਿਹਾ ਕੇ ਮਲੇਰੀਆ ਐਨਾਫਲੀਜ ਮੱਛਰ ਦੇ ਕੱਟਣ ਨਾਲ ਹੁੰਦਾ ਹੈ, ਜੋ ਕਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ। ਇਸ ਲਈ ਸਾਨੂੰ ਆਪਣੇ ਘਰ ਵਿੱਚ ਅਤੇ ਘਰ ਤੋਂ ਬਾਹਰ ਕਿਤੇ ਵੀ ਪਾਣੀ ਖੜ੍ਹੇ ਨਹੀਂ ਰਹਿਣ ਦੇਣਾ ਚਾਹੀਦਾ ਅਤੇ ਟੋਇਆ ਨੂੰ ਭਰ ਦੇਣਾ ਚਾਹੀਦਾ ਹੈ ਤਾਂ ਜੋ ਬਾਰਸ ਦਾ ਪਾਣੀ ਵੀ ਖੜ੍ਹਾ ਨਾ ਹੋ ਸਕੇ।
ਉਹਨਾਂ ਕਿਹਾ ਕਿ ਮੱਛਰਾਂ ਦੇ ਕੱਟਣ ਤੋਂ ਬਚਣ ਲਈ ਪੂਰਾ ਸਰੀਰ ਢਕਣ ਵਾਲੇ ਕੱਪੜੇ ਪਾਉਣੇ ਚਾਹੀਦੇ ਹਨ ਅਤੇ ਦਿਨ ਵੇਲੇ ਵੀ ਮੱਛਰਦਾਨੀਆਂ ਅਤੇ ਮੱਛਰ ਭਜਾਉਣ ਵਾਲੀਆਂ ਵਸਤਾਂ ਦੀ ਵਰਤੋ ਕਰਨੀ ਚਾਹੀਦੀ ਹੈ। ਬੁਖਾਰ ਹੋਣ ਤੇ ਨਜਦੀਕੀ ਸਿਹਤ ਕੇਂਦਰ ਅਤੇ ਸਿਵਲ ਹਸਪਤਾਲ ਵਿਖੇ ਮਾਹਿਰ ਡਾਕਟਰਾਂ ਨਾਲ ਸੰਪਰਕ ਕਰਨਾ ਚਾਹੀਦਾ ਹੈ ।ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਲੇਰੀਏ ਦੇ ਟੈਸਟ ਤੇ ਇਲਾਜ ਮੁਫਤ ਕੀਤਾ ਜਾਂਦਾ ਹੈ। ਓਹਨਾਂ ਨੇ ਫੀਲਡ ਵਿਚ ਕੰਮ ਕਰਦੇ ਕਰਮਚਾਰੀਆਂ ਨੂੰ

ਸੰਬੋਧਨ ਕਰਦਿਆਂ ਕੇਹਾ ਕੇ ਓਹ ਲੋਕਾ ਨੂ ਮਲੇਰੀਆ ਬਾਰੇ ਜਾਗਰੂਕ ਕਰਦੇ ਹੋਏ ਓਹਨਾਂ ਨੂ ਇੱਸ ਦੇ ਲਈ ਖ਼ੂਨ ਟੈਸਟ ਕਰਾਉਣ ਲਈ ਪ੍ਰੇਰਿਤ ਕਰਨ।

ਇਸ ਮੌਕੇ ਡਾ ਸੁਨੀਤਾ ਜਿਲ੍ਹਾ ਐਪੀਡਮੋਲੋਜਿਸਟ ਨੇ ਦੱਸਿਆ ਕਿ ਡੇਗੂ ਬੁਖਾਰ ਐਡੀਜ ਅਜਿਪਟੀ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਜਿਸ ਨਾਲ ਤੇਜ ਸਿਰ ਦਰਦ, ਮੱਥਾ ਦਰਦ, ਪਸੀਨਾ ਆਉਣਾ, ਅੱਖਾਂ ਦੇ ਪਿਛਲੇ ਪਾਸੇ ਦਰਦ, ਜੀਅ ਕੱਚਾ ਹੋਣਾ, ਪੱਠਿਆਂ ਵਿੱਚ ਦਰਦ, ਛਾਤੀ ਅਤੇ ਸਰੀਰ ਦੇ ਉਪਰਲੇ ਅੰਗਾਂ ਵਿੱਚ ਲਾਲ ਧੱਬੇ ਹੋਣੇ ਅਤੇ ਨੱਕ ਅਤੇ ਮੂੰਹ ਵਿੱਚੋ ਖ਼ੂਨ ਵੀ ਆ ਸਕਦਾ ਹੈ । ਘਰਾਂ ਵਿੱਚ ਪਏ ਕਬਾੜ, ਟਾਇਰ, ਟੁੱਟੇ ਘੜੇ ਨਸਟ ਕਰਨੇ ਚਾਹੀਦੇ ਹਨ ਅਤੇ ਕੂਲਰ, ਗਮਲੇ, ਪਸੂ ਅਤੇ ਮੱਛੀਆਂ ਦੇ ਭਾਂਡੇ ਅਤੇ ਹੋਰ ਪਾਣੀ ਸਟੋਰ ਕਰਨ ਵਾਲੇ ਬਰਤਨ ਹਰ ਹਫਤੇ ਖਾਲੀ ਕਰਕੇ ਬਰੱਸ ਨਾਲ ਸਾਫ ਕਰਕੇ ਵਰਤੋ ਵਿੱਚ ਲਿਆਉਣੇ ਚਾਹੀਦੇ ਹਨ ਅਤੇ ਘਰ ਅਤੇ ਆਲੇ ਦੁਆਲੇ ਨੂੰ ਸਾਫ ਸੁਥਰਾ ਰੱਖਣਾ ਚਾਹੀਦਾ ਹੈ ।